ਗਉੜੀ ਮਹਲਾ ੧ ॥ ਕਾਮੁ ਕ੍ਰੋਧੁ ਮਾਇਆ ਮਹਿ ਚੀਤੁ ॥ ਝੂਠ ਵਿਕਾਰਿ ਜਾਗੈ ਹਿਤ ਚੀਤੁ ॥ ਪੂੰਜੀ ਪਾਪ ਲੋਭ ਕੀ ਕੀਤੁ ॥ ਤਰੁ ਤਾਰੀ ਮਨਿ ਨਾਮੁ ਸੁਚੀਤੁ ॥੧॥ ਵਾਹੁ ਵਾਹੁ ਸਾਚੇ ਮੈ ਤੇਰੀ ਟੇਕ ॥ ਹਉ ਪਾਪੀ ਤੂੰ ਨਿਰਮਲੁ ਏਕ ॥ ੧॥ ਰਹਾਉ ॥ ਅਗਨਿ ਪਾਣੀ ਬੋਲੈ ਭੜਵਾਉ ॥ ਜਿਹਵਾ ਇੰਦ੍ਰੀ ਏਕੁ ਸੁਆਉ ॥ ਦਿਸਟਿ ਵਿਕਾਰੀ ਨਾਹੀ ਭਉ ਭਾਉ ॥ ਆਪੁ ਮਾਰੇ ਤਾ ਪਾਏ ਨਾਉ ॥ ੨॥ ਸਬਦਿ ਮਰੈ ਫਿਰਿ ਮਰਣੁ ਨ ਹੋਇ ॥ ਬਿਨੁ ਮੂਏ ਕਿਉ ਪੂਰਾ ਹੋਇ ॥ ਪਰਪੰਚਿ ਵਿਆਪਿ ਰਹਿਆ ਮਨੁ ਦੋਇ ॥ ਥਿਰੁ ਨਾਰਾਇਣੁ ਕਰੇ ਸੁ ਹੋਇ ॥੩॥ ਬੋਹਿਥਿ ਚੜਉ ਜਾ ਆਵੈ ਵਾਰੁ ॥ ਠਾਕੇ ਬੋਹਿਥ ਦਰਗਹ ਮਾਰ ॥ ਸਚੁ ਸਾਲਾਹੀ ਧੰਨੁ ਗੁਰਦੁਆਰੁ ॥ ਨਾਨਕ ਦਰਿ ਘਰਿ ਏਕੰਕਾਰੁ ॥੪॥੭॥ {ਪੰਨਾ 153}

ਪਦਅਰਥ:- ਝੂਠ ਵਿਕਾਰਿ—ਝੂਠ ਬੋਲਣ ਦੇ ਭੈੜ ਵਿਚ। ਜਾਗੈ—ਤਤਪਰ ਹੋ ਜਾਂਦਾ ਹੈ। ਹਿਤ—ਮੋਹ, ਖਿੱਚ। ਜਾਗੈ ਹਿਤ—ਪ੍ਰੇਰਨਾ ਹੁੰਦੀ ਹੈ, ਖਿੱਚ ਪੈਂਦੀ ਹੈ। ਤਰੁ—{qrs`—a raft} ਤੁਲਹਾ। ਤਾਰੀ—{qir—a boat} ਬੇੜੀ। ਸੁਚੀਤੁ—ਚਿੱਤ ਨੂੰ ਪਵਿਤ੍ਰ ਕਰਨ ਵਾਲਾ।1।

ਵਾਹੁ—ਅਸਚਰਜ। ਨਿਰਮਲੁ—ਪਵਿਤ੍ਰ। ਤੂੰ ਏਕ—ਸਿਰਫ਼ ਤੂੰ ਹੀ।1। ਰਹਾਉ।

ਭੜਵਾਉ—ਭੈੜਾ ਵਾਕ, ਤੱਤਾ-ਠੰਢਾ ਬੋਲ। ਏਕ ਸੁਆਉ—ਇਕ ਇਕ ਚਸਕਾ। ਦਿਸਟਿ—ਨਜ਼ਰ, ਧਿਆਨ, ਰੁਚੀ। ਵਿਕਾਰੀ—ਵਿਕਾਰੀਂ, ਵਿਕਾਰਾਂ ਵਲ। ਆਪੁ—ਆਪਾ-ਭਾਵ।2।

ਮਰੈ—ਆਪਾ-ਭਾਵ ਵਲੋਂ ਮਰੇ। ਮਰਣੁ—ਆਤਮਕ ਮੌਤ। ਪੂਰਾ—ਪੂਰਨ, ਮੁਕੰਮਲ ਉਕਾਈ-ਰਹਿਤ। ਪਰਪੰਚਿ—ਪਰਪੰਚ ਵਿਚ, ਜਗਤ-ਖੇਡ ਵਿਚ। ਦੋਇ—ਦ੍ਵੈਤ ਵਿਚ, ਮੇਰ-ਤੇਰ ਵਿਚ। ਥਿਰੁ—ਅਡੋਲ-ਚਿੱਤ। ਸੁ—ਉਹ ਮਨੁੱਖ।3।

ਬੋਹਿਥਿ—ਜਹਾਜ਼ ਵਿਚ, ਨਾਮ-ਜਹਾਜ਼ ਵਿਚ। ਵਾਰ—ਵਾਰੀ, ਅਵਸਰ। ਠਾਕੇ—ਰੋਕੇ ਹੋਏ। ਸਾਲਾਹੀ—ਮੈਂ ਸਾਲਾਹ ਸਕਦਾ ਹਾਂ। ਧੰਨੁ—{DNX—excellent} ਸ੍ਰੇਸ਼ਟ। ਦਰਿ—(ਗੁਰੂ ਦੇ) ਦਰ ਤੇ (ਡਿੱਗਿਆਂ)। ਘਰਿ—ਹਿਰਦੇ ਵਿਚ।4।

ਅਰਥ:- ਹੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ! ਤੂੰ ਅਚਰਜ ਹੈਂ ਤੂੰ ਅਚਰਜ ਹੈਂ। (ਤੇਰੇ ਵਰਗਾ ਹੋਰ ਕੋਈ ਨਹੀਂ); (ਕਾਮ ਆਦਿਕ ਵਿਕਾਰਾਂ ਤੋਂ ਬਚਣ ਲਈ) ਮੈਨੂੰ ਸਿਰਫ਼ ਤੇਰਾ ਹੀ ਆਸਰਾ ਹੈ। ਮੈਂ ਪਾਪੀ ਹਾਂ, ਸਿਰਫ਼ ਤੂੰ ਹੀ ਪਵਿਤ੍ਰ ਕਰਨ ਦੇ ਸਮਰੱਥ ਹੈਂ।1। ਰਹਾਉ।

(ਮੇਰੇ ਅੰਦਰ) ਕਾਮ (ਪ੍ਰਬਲ) ਹੈ ਕ੍ਰੋਧ (ਪ੍ਰਬਲ) ਹੈ, ਮੇਰਾ ਚਿੱਤ ਮਾਇਆ ਵਿਚ (ਮਗਨ ਰਹਿੰਦਾ) ਹੈ। ਝੂਠ ਬੋਲਣ ਦੇ ਭੈੜ ਵਿਚ ਮੇਰਾ ਹਿਤ ਜਾਗਦਾ ਹੈ ਮੇਰਾ ਚਿੱਤ ਤਤਪਰ ਹੁੰਦਾ ਹੈ। ਮੈਂ ਪਾਪ ਤੇ ਲੋਭ ਦੀ ਰਾਸਿ-ਪੂੰਜੀ ਇਕੱਠੀ ਕੀਤੀ ਹੋਈ ਹੈ। (ਤੇਰੀ ਮਿਹਰ ਨਾਲ ਜੇ ਮੇਰੇ) ਮਨ ਵਿਚ ਤੇਰਾ ਪਵਿਤ੍ਰ ਕਰਨ ਵਾਲਾ ਨਾਮ (ਵੱਸ ਪਏ ਤਾਂ ਇਹ ਮੇਰੇ ਲਈ) ਤੁਲਹਾ ਹੈ ਬੇੜੀ ਹੈ।1।

(ਜੀਵ ਦੇ ਅੰਦਰ ਕਦੇ) ਅੱਗ (ਦਾ ਜ਼ੋਰ ਪੈ ਜਾਂਦਾ) ਹੈ (ਕਦੇ) ਪਾਣੀ (ਪ੍ਰਬਲ ਹੋ ਜਾਂਦਾ) ਹੈ (ਇਸ ਵਾਸਤੇ ਇਹ) ਤੱਤਾ-ਠੰਢਾ ਬੋਲ ਬੋਲਦਾ ਰਹਿੰਦਾ ਹੈ। ਜੀਭ ਆਦਿਕ ਹਰੇਕ ਇੰਦ੍ਰੀ ਨੂੰ ਆਪੋ ਆਪਣਾ ਚਸਕਾ (ਲੱਗਾ ਹੋਇਆ) ਹੈ, ਨਿਗਾਹ ਵਿਕਾਰਾਂ ਵਲ ਰਹਿੰਦੀ ਹੈ, (ਮਨ ਵਿਚ) ਨਾਹ ਡਰ ਹੈ ਨਾਹ ਪ੍ਰੇਮ ਹੈ (ਅਜੇਹੀ ਹਾਲਤ ਵਿਚ ਪ੍ਰਭੂ ਦਾ ਨਾਮ ਕਿਵੇਂ ਮਿਲੇ?)। ਜੀਵ ਆਪਾ-ਭਾਵ ਨੂੰ ਖ਼ਤਮ ਕਰੇ, ਤਾਂ ਹੀ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਸਕਦਾ ਹੈ।2।

ਜਦੋਂ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਾ-ਭਾਵ ਮੁਕਾਂਦਾ ਹੈ, ਤਾਂ ਇਸ ਨੂੰ ਆਤਮਕ ਮੌਤ ਨਹੀਂ ਹੁੰਦੀ। ਆਪਾ-ਭਾਵ ਦੇ ਖ਼ਤਮ ਹੋਣ ਤੋਂ ਬਿਨਾ ਮਨੁੱਖ ਪੂਰਨ ਨਹੀਂ ਹੋ ਸਕਦਾ (ਉਕਾਈਆਂ ਤੋਂ ਬਚ ਨਹੀਂ ਸਕਦਾ, ਸਗੋਂ) ਮਨ

ਮਾਇਆ ਦੇ ਛਲ ਵਿਚ ਦ੍ਵੈਤ ਵਿਚ ਫਸਿਆ ਰਹਿੰਦਾ ਹੈ। (ਜੀਵ ਦੇ ਭੀ ਕੀਹ ਵੱਸ?) ਜਿਸ ਨੂੰ ਪਰਮਾਤਮਾ ਆਪ ਅਡੋਲ-ਚਿੱਤ ਕਰਦਾ ਹੈ ਉਹੀ ਹੁੰਦਾ ਹੈ।3।

ਮੈਂ (ਪ੍ਰਭੂ ਦੇ ਨਾਮ) ਜਹਾਜ਼ ਵਿਚ (ਤਦੋਂ ਹੀ) ਚੜ੍ਹ ਸਕਦਾ ਹਾਂ, ਜਦੋਂ (ਉਸ ਦੀ ਮਿਹਰ ਨਾਲ) ਮੈਨੂੰ ਵਾਰੀ ਮਿਲੇ। ਜੇਹੜੇ ਬੰਦਿਆਂ ਨੂੰ ਨਾਮ-ਜਹਾਜ਼ ਤੇ ਚੜ੍ਹਨਾ ਨਹੀਂ ਮਿਲਦਾ, ਉਹਨਾਂ ਨੂੰ ਪ੍ਰਭੂ ਦੀ ਦਰਗਾਹ ਵਿਚ ਖ਼ੁਆਰੀ ਮਿਲਦੀ ਹੈ (ਧੱਕੇ ਪੈਂਦੇ ਹਨ, ਪ੍ਰਭੂ ਦਾ ਦੀਦਾਰ ਨਸੀਬ ਨਹੀਂ ਹੁੰਦਾ)।

(ਅਸਲ ਗੱਲ ਇਹ ਹੈ ਕਿ) ਗੁਰੂ ਦਾ ਦਰ ਸਭ ਤੋਂ ਸ੍ਰੇਸ਼ਟ ਹੈ (ਗੁਰੂ ਦੇ ਦਰ ਤੇ ਰਹਿ ਕੇ ਹੀ) ਮੈਂ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰ ਸਕਦਾ ਹਾਂ। ਹੇ ਨਾਨਕ! (ਗੁਰੂ ਦੇ) ਦਰ ਤੇ ਰਿਹਾਂ ਹੀ ਹਿਰਦੇ ਵਿਚ ਪਰਮਾਤਮਾ ਦਾ ਦਰਸਨ ਹੁੰਦਾ ਹੈ।4।7।